Government of Punjab

Department of Personnel

(Personnel Policies-1 Branch)

## Index

**Year 1/4/2022 to 30/06/2022**


| Sr N | No. of Instruction | Date | Subject | Page |
|---|---|---|---|---|
| 1 | 06/02/2022-2PP3/134 | 22.03.2022 | Shaheed Bhagat Singh, Rajguru and Sukhdev ji Martyrdom Holiday on 23-03-2022 | 1 |
| 2 | G.S.R. 18/Const./ Art.320/Amd. (96)/2022 | 26.03.2022 | Punjab Public Service Commission (Limitation of Functions) (Amendment) Regulation, 2022. | 2-3 |
| 3 | 12/57/2017-4PP3/175 | 06.04.2022 | **ਕੰਟਰੈਕਟ ਤੇ ਕੰਮ ਕਰਦੇ ਮੁਲਾਜਮਾਂ ਦੀਆਂ ਸੇਵਾਵਾਂ ਵਿੱਚ ਵਾਧਾ ਕਰਨ ਸਬੰਧੀ।** | 4-5 |
| 4 | **07/01/2014-1PP2(3PP2)/123** | 09.04.2022 | **ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ/ ਤੈਨਾਤੀਆਂ ਕਰਨ ਸਬੰਧੀ ਹਦਾਇਤਾਂ ਅਤੇ ਸਮਾਂ-ਸੀਮਾ ਜਾਰੀ ਕਰਨ ਬਾਰੇ।** | 6-7 |
| 5 | 15/27/2008-2PP1(ਪ.ਫ.1)/204 | 18.04.2022 | ਗਰੁੱਪ ਏ,ਬੀ,ਸੀ. ਅਤੇ ਡੀ ਦੇ ਅਧਿਕਾਰੀਆ/ਕਰਮਚਾਰੀਆ ਦੀ ਸਾਲਾਨਾ ਏ.ਪੀ.ਏ.ਆਰ. ਦੀ ਸਮੇਂ ਸਾਰਣੀ(ਰਿਪੋਰਟਕਰਤਾ/ਰਿਵਿਊਕਰਤਾ/ਪ੍ਰਵਾਨਕਰਤਾ ਅਥਾਰਟੀ ਸਮੇਤ ਸੈਲਫ ਅਪ੍ਰੈਜ਼ਲ ਭਰਨ) ਦਾ ਨਵਾ ਸਮਾਂ ਨਿਸ਼ਚਿਤ ਕਰਨ ਸਬੰਧੀ। | 8-9 |
| 6 | PERS-PP-1015/6/2021-2PP1/353677 | 02.05.2022 | ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆ/ਕਰਮਚਾਰੀਆ ਦੀ ਏ.ਪੀ.ਏ.ਆਰ. ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ (ਕੇਵਲ ਪੀ.ਸੀ.ਐਸ. ਕਾਡਰ ਅਤੇ ਆਮ ਰਾਜ ਪ੍ਰਬੰਧ ਵਿਭਾਗ(ਸਕੱਤਰੇਤ ਪ੍ਰਸ਼ਾਸਨ)) | 10-11 |
| 7 | **12/151/2015-2ਪੀਪੀ2(3ਪੀਪੀ2)/142** | 02.05.2022 | **ਕੋਵਿਡ-19 ਕਾਰਨ ਐਕਸ ਇੰਡੀਆ ਲੀਵ ਤੇ ਲੱਗੀ ਰੋਕ ਨੂੰ ਹਟਾਉਣ ਸਬੰਧੀ।** | 12-13 |
| 8 | PERS-PP-1015/6/2021-2PP1/358223 | 11.05.2022 | ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆ/ਕਰਮਚਾਰੀਆ ਦੀ ਏ.ਪੀ.ਏ.ਆਰ. ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ (ਕੇਵਲ ਰਾਜ ਦੇ ਸਮੂਹ ਵਿਭਾਗਾ ਲਈ) | 14-15 |
| 9 | PERS-PP20GECR /3/2021-2PP2 /361342 | 17.05.2022 | **ਸਾਰੇ ਵਿਭਾਗਾਂ/ ਬੋਰਡ/ ਕਾਰਪੋਰੇਸ਼ਨਾਂ ਦੇ ਗਰੁੱਪ ਏ ਅਤੇ ਬੀ ਅਧਿਕਾਰੀਆਂ/ ਕਰਮਚਾਰੀਆਂ ਵੱਲੋਂ ਸਾਲ 2021-2022 ਦੀ ਪੇਸ਼ ਕੀਤੀ ਜਾਣ ਵਾਲੀ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS portal ਤੇ ਆਨਲਾਈਨ ਭਰਨ ਲਈ ਸਮਾਂ ਵਧਾਉਣ ਬਾਰੇ।** | 16-17 |
| 10 | **04/05/2014-2ਪੀਪੀ2(ਪਫ)/176,** | 01.06.2022 | **ਗਰੁੱਪ ਏ ਅਤੇ ਬੀ ਅਧਿਕਾਰੀਆਂ/ ਕਰਮਚਾਰੀਆਂ ਵੱਲੋਂ ਪੇਸ਼ ਕੀਤੀ ਜਾਣ ਵਾਲੀ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ** | 18-19 |

| | | | | |
|---|---|---|---|---|
| | | | iHRMS portal ਤੇ ਭਰਨ ਸਬੰਧੀ। | |
| 11 | 07/01/2014-1PP2(3PP2)/178 | 01.06.2022 | ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ/ ਤੈਨਾਤੀਆਂ ਕਰਨ ਸਬੰਧੀ ਹਦਾਇਤਾਂ ਅਤੇ ਸਮਾਂ-ਸੀਮਾ ਵਧਾਉਣ ਸਬੰਧੀ। | 20-21 |
| 12 | 12/06/2022-5PP2/187 | 09.06.2022 | ਪੰਜਾਬ ਸਰਕਾਰ ਦੇ ਅਧੀਨ ਆਉਂਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਲਈ ਜਾਣ/ਅਵੇਲ ਕੀਤੀ ਜਾਣ ਵਾਲੀ ਇਤਫਾਕੀਆਂ ਛੁੱਟੀਆਂ iHRMS ਦੁਆਰਾ ਅਪਲਾਈ ਕਰਨ ਬਾਰੇ। | 22-23 |
| 13 | 8/2/2014-3PP3/375 | 16.06.2022 | Extension in the term of Sixth Punjab Pay Commission up to 31.07.2022. | 24 |
| 14 | 8/2/2014-3PP3/381 | 16.06.2022 | Extension in the term of Sh. J.S. Gill, IAS (Retd.) Chairman of Sixth Punjab Pay Commission up to 31.07.2022. | 25 |
| 15 | 8/2/2014-3PP3/387 | 16.06.2022 | Extension in the term of Sh S.S. Rajput, IAS (retd) Member secretary Sixth Punjab Pay Commission up to 31.07.2022. | 26 |
| 16 | 6/13/2008-6PP3(2PP3)/393 | 17.06.2022 | Paid Holiday regarding Bye-Election 2022 to Lok Sabha from 12 Sangrur, Barnala and 105-Malerkotla Assembly Segment of District Malerkotla | 27-28 |
| 17 | PERS-PP-20GECR/3/2021-2PP2/384414 | 28.06.2022 | ਸਾਰੇ ਵਿਭਾਗਾਂ/ ਬੋਰਡ/ ਕਾਰਪੋਰੇਸ਼ਨਾਂ ਦੇ ਗਰੁੱਪ ਏ ਅਤੇ ਬੀ ਅਧਿਕਾਰੀਆਂ/ ਕਰਮਚਾਰੀਆਂ ਵੱਲੋਂ ਸਾਲ 2021-2022 ਦੀ ਪੇਸ਼ ਕੀਤੀ ਜਾਣ ਵਾਲੀ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS portal ਤੇ ਆਨਲਾਈਨ ਭਰਨ ਲਈ ਸਮਾਂ ਵਧਾਉਣ ਬਾਰੇ। | 29-30 |
| 18 | PERS-PP-20PLCY/4/2022-2PP2/384162 | 28.06.2022 | ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਸੋਨਲ ਵਿਭਾਗ ਦੀ ਸਲਾਹ/ ਸਪਸ਼ਟੀਕਰਨ ਪ੍ਰਾਪਤ ਕਰਨ ਲਈ ਭੇਜੀਆਂ ਜਾਣ ਵਾਲੀਆਂ ਤਜਵੀਜ਼ਾਂ ਸਬੰਧੀ ਨੀਤੀ। | 31-32 |
| 19 | 07/01/2014-1PP2(3PP2)/219 | 29.06.2022 | ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ/ ਤੈਨਾਤੀਆਂ ਕਰਨ ਸਬੰਧੀ ਹਦਾਇਤਾਂ ਅਤੇ ਸਮਾਂ-ਸੀਮਾ ਵਧਾਉਣ ਸਬੰਧੀ। | 33-34 |
| 20 | PERS-PP-1015/6/2021-2PP1/391 | 30.06.2022 | ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆ/ਕਰਮਚਾਰੀਆ ਦੀ ਏ.ਪੀ.ਏ.ਆਰ. ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ (ਕੇਵਲ ਪੀ.ਸੀ.ਐਸ. ਕਾਡਰ ਅਤੇ ਆਮ ਰਾਜ ਪ੍ਰਬੰਧ ਵਿਭਾਗ(ਸਕੱਤਰੇਤ ਪ੍ਰਸ਼ਾਸਨ)) | 35-36 |
| 21 | 12/09/2022-5PP2/228 | 07.07.2022 | ਪੰਜਾਬ ਸਰਕਾਰ ਦੇ ਅਧੀਨ ਆਉਂਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ iHRMS ਵੱਲੋਂ ਮੁਹੱਇਆ ਕਰਵਾਈਆਂ ਜਾਂਦੀਆਂ ਸੇਵਾਵਾਂ ਦੇ ਸਬੰਧ ਜਾਗਰੁਕ ਕਰਨ ਸਬੰਧੀ। | 37-40 |

(1)

**ਪੰਜਾਬ ਸਰਕਾਰ**

**ਪ੍ਰਸੋਨਲ ਵਿਭਾਗ**

**(ਪੀ.ਪੀ.-3 ਸ਼ਾਖਾ)**

**ਅਧਿਸੂਚਨਾਂ**

ਇਹ ਅਧਿਸੂਚਿਤ ਕੀਤਾ ਜਾਂਦਾ ਹੈ ਕਿ ਸ਼ਹੀਦ ਭਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਮੌਕੇ ਤੇ ਮਿਤੀ 23-03-2022 (ਬੁੱਧਵਾਰ) ਨੂੰ ਪੰਜਾਬ ਸਰਕਾਰ ਦੇ ਸਰਕਾਰੀ ਦਫ਼ਤਰਾਂ, ਬੋਰਡਾਂ/ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿੱਦਿਅਕ ਅਦਾਰਿਆਂ ਵਿੱਚ ਗਜ਼ਟਿਡ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

ਅਨਿਰੁੱਧ ਤਿਵਾਰੀ

ਮੁੱਖ ਸਕੱਤਰ, ਪੰਜਾਬ ਸਰਕਾਰ

ਪਿ.ਅੰ.ਨੰ: 06/02/2022-2PP3/ 134 ਮਿਤੀ 22-03-2022

ਇਸ ਦਾ ਇਕ ਉਤਾਰਾ ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰਾਂ, ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪਿ.ਅੰ.ਨੰ: 06/02/2022-2PP3/ 135 ਮਿਤੀ 22-03-2022

ਇਸ ਦਾ ਇਕ ਉਤਾਰਾ ਸਮੂਹ ਵਿਭਾਗਾਂ ਦੇ ਮੁੱਖੀਆਂ, ਡਵੀਜਨਾਂ ਦੇ ਕਮਿਸ਼ਨਰਜ, ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ, ਡਿਪਟੀ ਕਮਿਸ਼ਨਰਜ ਅਤੇ ਸਬ ਡਵੀਜਨਲ ਮੈਜਿਸਟ੍ਰੈਟ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪਿ.ਅੰ.ਨੰ: 06/02/2022-2PP3/ 136 ਮਿਤੀ 22-03-2022

ਇਸ ਦਾ ਇਕ ਉਤਾਰਾ ਡਾਇਰੈਕਟਰ, ਸੂਚਨਾਂ ਅਤੇ ਲੋਕ ਸੰਪਰਕ ਵਿਭਾਗ ਪੰਜਾਬ, ਚੰਡੀਗੜ੍ਹ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਸਰਕਾਰ ਦੇ ਇਸ ਫੈਸਲੇ ਨੂੰ ਪ੍ਰੈਸ, ਰੇਡੀਓ ਅਤੇ ਟੈਲੀਵਿਜਨ ਰਾਹੀਂ ਲੋਕਾਂ ਤੱਕ ਪਹੁੰਚਾਇਆ ਜਾਵੇ।

ਸੁਪਰਡੰਟ

ਪਿ.ਅੰ.ਨੰ: 06/02/2022-2PP3/ 137 ਮਿਤੀ 22-03-2022.

ਇਸ ਦਾ ਇਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ ਪੰਜਾਬ, ਚੰਡੀਗੜ੍ਹ ਨੂੰ ਇਸ ਨੋਟੀਫਿਕੇਸ਼ਨ ਨੂੰ ਪੰਜਾਬ ਸਰਕਾਰ ਦੇ ਸਾਧਾਰਨ ਗਜਟ ਵਿਚ ਛਾਪਣ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

# Punjab Government Gazette

## EXTRAORDINARY

*Published by Authority*

CHANDIGARH, SUNDAY, MARCH 27, 2022
(CHAITRA 6, 1944 SAKA)

LEGISLATIVE SUPPLEMENT

**Contents** *Pages*

**Part - I** **Acts**

*Nil*

**Part - II** **Ordinances**

*Nil*

**Part - III** **Delegated Legislation**

Notification No. G.S.R. 18/Const./Art.320/ Amd.(86)/2022, dated the 26th March, 2022, containing amendment in the Punjab Public Service Commission (Limitation of Functions) Regulations, 1955. .. 475

**Part - IV** **Correction Slips, Republications and Replacements**

*Nil*

---

**PART III**

**GOVERNMENT OF PUNJAB**

DEPARTMENT OF PERSONNEL

(PERSONNEL POLICIES-III BRANCH)

**NOTIFICATION**

The 26th March, 2022

**No. G.S.R. 18/Const./ Art. 320/Amd. (96) /2022.–** In exercise of the powers conferred by the proviso to clause (3 ) of Article 320 of the Constitution of India, and all other powers enabling him in this behalf, the Governor of Punjab is pleased to make the following regulations further to amend the Punjab Public Service Commission (Limitation of Functions) Regulations, 1955, namely:-

**REGULATIONS**

1. These regulations may be called the Punjab Public Service Commission (Limitation of Functions) (Amendment) Regulations, 2022.

2. These regulations shall be deemed to have come into force on the 17th day of September, 2021.

3. In the Punjab Public Service Commission (Limitation of Functions) Regulations, 1955 (hereinafter referred to as the said regulations ), in Schedule 'A' ,after entry 113, the following entries shall be added, namely:-

"114. 1091 posts of Assistant Professors in the Department of Higher Education.

115. 17 posts of Librarians in the Department of Higher Education. "

4. In the said regulations, in Schedule 'B', after entry 46, the following entries shall be added, namely:-

" 47. 1091 posts of Assistant Professors in the Department of Higher Education.

48. 17 posts of Librarians in the Department of Higher Education."

**ANIRUDH TEWARI,**
Chief Secretary to Government of Punjab.

*2538/3-2022/Pb. Govt. Press, S.A.S. Nagar*

(5)

ਨੰ:12/57/2017-4ਪੀ.ਪੀ.3/ 175
ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪੀ.ਪੀ.3 ਸ਼ਾਖਾ)

ਮਿਤੀ ਚੰਡੀਗੜ੍ਹ: 06/04/2022

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜ਼ਨਾਂ ਦੇ ਕਮਿਸ਼ਨਰਜ਼, ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ,
ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼ ਅਤੇ
ਉਪ ਮੰਡਲ ਅਫਸਰ (ਸਿਵਲ)।

**ਵਿਸ਼ਾ: ਕੰਟਰੈਕਟ ਤੇ ਕੰਮ ਕਰਦੇ ਮੁਲਾਜਮਾਂ ਦੀਆਂ ਸੇਵਾਵਾਂ ਵਿੱਚ ਵਾਧਾ ਕਰਨ ਸਬੰਧੀ।**

ਸ੍ਰੀਮਾਨ ਜੀ,

ਮੈਨੂੰ ਇਸ ਵਿਭਾਗ ਦੇ ਪੱਤਰ ਨੰ: 12/57/2017-1ਪੀਪੀ2/960832/1-7 ਮਿਤੀ 24.4.2017, ਪੱਤਰ ਨੰ:12/57/17-1ਪੀ.ਪੀ.2/ ਪੀ.ਪੀ.3/1051389/1-5 ਮਿਤੀ 28.8.2017, ਪੱਤਰ ਨੰ: 12/57/2017-1ਪੀ.ਪੀ.3/291 ਮਿਤੀ 22.03.2018, ਪੱਤਰ ਨੰ:12/57/2017-4ਪੀ.ਪੀ3/121-125 ਮਿਤੀ 29.03.2019, ਪੱਤਰ ਨੰ: 12/57/2017-4ਪੀ.ਪੀ.3/366 ਮਿਤੀ 29.03.2020 ਅਤੇ ਪੱਤਰ ਨੰਬਰ 12/57/2017-4ਪੀ.ਪੀ.3/305-308 ਮਿਤੀ 31.03.2021 ਵੱਲ ਧਿਆਨ ਦਿਵਾਉਂਦੇ ਹੋਏ ਇਹ ਕਹਿਣ ਦੀ ਹਦਾਇਤ ਹੋਈ ਸੀ ਕਿ ਹਦਾਇਤਾਂ ਮਿਤੀ 24.04.2017 ਰਾਹੀਂ ਇਹ ਲਿਖਿਆ ਗਿਆ ਸੀ ਕਿ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਰੈਗੂਲਰ ਪ੍ਰਵਾਨਿਤ ਆਸਾਮੀਆਂ ਦੇ ਵਿਰੁੱਧ ਠੇਕਾ ਆਧਾਰਿਤ ਅਮਲੇ ਦੀ ਭਰਤੀ ਨਾ ਕੀਤੀ ਜਾਵੇ। ਹਦਾਇਤਾਂ ਮਿਤੀ 31.03.2021 ਰਾਹੀਂ ਇਹ ਵੀ ਲਿਖਿਆ ਗਿਆ ਸੀ ਕਿ ਜੇਕਰ ਅਜੇ ਵੀ ਇਸ ਸਮੇਂ ਕੰਟਰੈਕਟ ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਥਾਂ ਨਵੀਂ ਰੈਗੂਲਰ ਭਰਤੀ ਕਰਨ ਵਿੱਚ ਸਮਾਂ ਲੱਗਦਾ ਹੋਵੇ ਅਤੇ ਵਿਭਾਗ ਨੂੰ ਕੰਟਰੈਕਟ ਤੇ ਕੰਮ ਕਰ ਰਹੇ ਅਜਿਹੇ ਕਰਮਚਾਰੀਆਂ ਦੀ ਸੇਵਾਵਾਂ ਦੀ ਜਰੂਰਤ ਹੋਵੇ ਤਾਂ ਵਿਭਾਗ ਅਜਿਹੇ ਕਰਮਚਾਰੀਆਂ/ਅਧਿਕਾਰੀਆਂ ਦੀ ਸੇਵਾਵਾਂ ਮਿਤੀ 31.03.2022 ਜਾਂ ਕੱਚੇ ਮੁਲਾਜਮਾਂ ਨੂੰ ਰੈਗੂਲਰ ਕਰਨ ਸਬੰਧੀ ਨਵਾਂ ਕਾਨੂੰਨ ਦੇ ਹੋਂਦ ਵਿੱਚ ਆਉਣ ਤੱਕ, ਦੋਹਾਂ ਵਿੱਚੋ ਜੋ ਵੀ ਪਹਿਲਾਂ ਵਾਪਰੇ, ਤੱਕ ਵਾਧਾ ਕਰ ਸਕਦਾ ਹੈ।

2. ਕਈ ਵਿਭਾਗਾਂ ਵੱਲੋਂ ਅਜੇ ਤੱਕ ਵੀ ਕੰਟਰੈਕਟ ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਥਾਂ ਤੇ ਨਵੀਂ ਰੈਗੂਲਰ ਭਰਤੀ ਨਹੀਂ ਕੀਤੀ ਗਈ ਹੈ। ਇਸ ਲਈ ਮੈਨੂੰ ਮੁੜ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਜੇਕਰ ਅਜੇ ਵੀ ਇਸ ਸਮੇਂ ਕੰਟਰੈਕਟ ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਥਾਂ ਨਵੀਂ ਰੈਗੂਲਰ ਭਰਤੀ ਕਰਨ ਵਿੱਚ ਸਮਾਂ ਲੱਗਦਾ ਹੋਵੇ ਅਤੇ ਵਿਭਾਗ ਨੂੰ ਕੰਟਰੈਕਟ ਤੇ ਕੰਮ ਕਰ ਰਹੇ ਅਜਿਹੇ ਕਰਮਚਾਰੀਆਂ ਦੀ ਸੇਵਾਵਾਂ ਦੀ ਜਰੂਰਤ ਹੋਵੇ ਤਾਂ ਵਿਭਾਗ ਅਜਿਹੇ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸੇਵਾਵਾਂ ਮਿਤੀ 31.03.2023 ਜਾਂ ਕੱਚੇ ਮੁਲਾਜਮਾਂ ਨੂੰ ਰੈਗੂਲਰ ਕਰਨ ਸਬੰਧੀ ਨਵਾਂ ਕਾਨੂੰਨ ਦੇ ਹੋਂਦ ਵਿੱਚ ਆਉਣ ਤੱਕ,

06/4/2022

ਦੋਹਾਂ ਵਿੱਚੋਂ ਜੋ ਵੀ ਪਹਿਲਾਂ ਵਾਪਰੇ, ਤੱਕ ਵਾਧਾ ਕਰ ਸਕਦਾ ਹੈ।ਪ੍ਰਬੰਧਕੀ ਵਿਭਾਗ ਕੰਟਰੈਕਟ ਤੇ ਮੈਨਪਾਵਰ ਰੱਖਣ ਤੋਂ ਪਹਿਲਾਂ ਇਹ ਯਕੀਨੀ ਬਨਾਉਣਗੇ ਕਿ ਰੀ-ਸਟਰਕਚਰਿੰਗ ਦੌਰਾਨ ਪ੍ਰਵਾਨ ਹੋਈਆਂ ਅਸਾਮੀਆਂ ਤੋਂ ਵੱਧ ਮੈਨਪਾਵਰ ਕੰਟਰੈਕਟ ਤੇ ਨਾ ਰੱਖੀ ਜਾਵੇ।

3. ਇਹ ਪੱਤਰ ਵਿੱਤ ਵਿਭਾਗ ਵਲੋਂ ਪੱਤਰ ਨੰਬਰ 7/19/2018-4ਵਿ.ਪ੍ਰੋ1/46 ਮਿਤੀ 31.03.2022 ਰਾਹੀਂ ਦਿੱਤੀ ਪ੍ਰਵਾਨਗੀ ਦੇ ਸਨਮੁੱਖ ਜਾਰੀ ਕੀਤਾ ਜਾਂਦਾ ਹੈ।

ਵਿਸ਼ਵਾਸ਼ਪਾਤਰ,

ਸੁਪਰਡੰਟ 06/4/2022

ਇਸ ਦਾ ਇਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ਸਾਹਿਬਾਨ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਦਾ ਹੈ।

ਸੁਪਰਡੰਟ 06/4/2022

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪ:ਨੰ: 12/57/2017-4ਪੀ.ਪੀ.3/ 176 ਮਿਤੀ, ਚੰਡੀਗੜ੍ਹ: 06/04/2022
ਪਿੱਠ ਅੰਕਣ ਨੰ: 12/57/2017-4ਪੀ.ਪੀ.3/ 177-178 ਮਿਤੀ, ਚੰਡੀਗੜ੍ਹ: 06/04/2022

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਦਾ ਹੈ:

(1) ਪ੍ਰਮੁੱਖ ਸਕੱਤਰ ਮੁੱਖ ਮੰਤਰੀ, ਪੰਜਾਬ।
(2) ਸਮੂਹ ਮੰਤਰੀ ਸਾਹਿਬਾਨ ਦੇ ਵਿਸ਼ੇਸ਼ ਸਕੱਤਰ/ਸਕੱਤਰ ਅਤੇ ਨਿੱਜੀ ਸਕੱਤਰ।

ਸੁਪਰਡੰਟ 06/4/2022

ਪਿੱਠ ਅੰਕਣ ਨੰ: 12/57/2017-4ਪੀ.ਪੀ.3/ 179 ਮਿਤੀ, ਚੰਡੀਗੜ੍ਹ: 06/04/2022

ਇਸ ਦਾ ਇਕ ਉਤਾਰਾ ਸੁਪਰਡੰਟ, ਮੰਤਰੀ ਮੰਡਲ ਮਾਮਲੇ ਸ਼ਾਖਾ, ਆਮ ਰਾਜ ਪ੍ਰਬੰਧ ਵਿਭਾਗ ਨੂੰ ਇਸ ਵਿਭਾਗ ਦੇ ਪੱਤਰ ਨੰ:12/57/2017-1ਪੀ.ਪੀ.3/291 ਮਿਤੀ 22.3.2018 ਦੀ ਲਗਾਤਾਰਤਾ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ 06/4/2022

(6)

07/01/2014-1PP2(3PP2)/ 123

ਮਿਤੀ, ਚੰਡੀਗੜ੍ਹ 07.04.2022

**ਪੰਜਾਬ ਸਰਕਾਰ**

**ਪ੍ਰਸੋਨਲ ਵਿਭਾਗ**

**ਪ੍ਰਸੋਨਲ ਪਾਲਿਸੀ-2 ਸ਼ਾਖਾ**

ਸੇਵਾ ਵਿਖੇ

1. ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰਜ, ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ ਅਤੇ
ਉਪ ਮੰਡਲ ਅਫਸਰ (ਸਿਵਲ), ਪੰਜਾਬ।
2. ਰਾਜ ਦੇ ਸਮੂਹ ਬੋਰਡ/ ਕਾਰਪੋਰੇਸ਼ਨਾਂ ਦੇ ਚੇਅਰਮੈਨ/ ਮੈਨੇਜਿੰਗ ਡਾਇਰੈਕਟਰ।

ਵਿਸ਼ਾ- ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ/ ਤੈਨਾਤੀਆਂ ਕਰਨ ਸਬੰਧੀ ਹਦਾਇਤਾਂ ਅਤੇ ਸਮਾਂ-ਸੀਮਾ ਜਾਰੀ ਕਰਨ ਬਾਰੇ।

*******

ਸ਼੍ਰੀਮਾਨ ਜੀ/ ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ 7/1/2014-1ਪੀਪੀ2(3ਪੀਪੀ2)/1216986/1-2, ਮਿਤੀ 23.04.2018 ਰਾਹੀਂ ਜਾਰੀ ਟਰਾਂਸਫਰ ਪਾਲਿਸੀ, ਜੋ ਇਸ ਸਾਲ 2022-23 ਨੂੰ ਵੀ ਲਾਗੂ ਹੈ, ਦੇ ਪੈਰ੍ਹਾ-3(ੳ) ਵੱਲ ਧਿਆਨ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਰਾਜ ਦੇ ਵਿਭਾਗਾਂ/ ਅਦਾਰਿਆਂ ਵਿੱਚ ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ ਅਤੇ ਤੈਨਾਤੀਆਂ ਕਰਨ ਦਾ ਸਮਾਂ **ਮਿਤੀ 11.04.2022 ਤੋਂ ਮਿਤੀ 31.05.2022 ਤੱਕ ਹੋਵੇਗਾ।**

02. **ਮਿਤੀ 31.05.2022 ਤੋਂ ਬਾਅਦ** ਆਮ ਬਦਲੀਆਂ ਤੇ ਸੰਪੂਰਨ ਰੋਕ ਹੋਵੇਗੀ ਅਤੇ ਸਿਰਫ਼ ਤਰੱਕੀ ਜਾਂ ਸ਼ਿਕਾਇਤ ਦੇ ਮੱਦੇਨਜ਼ਰ ਹੀ ਬਦਲੀ ਸੰਭਵ ਹੋਵੇਗੀ। ਨਿੱਜੀ ਕਾਰਣਾਂ ਕਰਕੇ ਬਦਲੀ ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਹੀ ਕੀਤੀ ਜਾ ਸਕੇਗੀ।

03. ਇਹ ਪੱਤਰ ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਵਿਸ਼ਵਾਸਪਾਤਰ

ਵਿਸ਼ੇਸ਼ ਸਕੱਤਰ, ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਿਸ਼ੇਸ਼ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਵਧੀਕ ਮੁੱਖ ਸਕੱਤਰ ਮੁੱਖ ਮੰਤਰੀ, ਪੰਜਾਬ,
ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ
ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ
ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ. 07/01/2014-1PP2(3PP2)/ 124 ਮਿਤੀ, ਚੰਡੀਗੜ੍ਹ 07.04.2022

(7)

ਇਸ ਦਾ ਇੱਕ ਉਤਾਰਾ ਸਮੂਹ ਮੰਤਰੀ ਸਾਹਿਬਾਨ ਦੇ ਵਿਸ਼ੇਸ਼ ਸਕੱਤਰ/ ਸਕੱਤਰ/ ਨਿੱਜੀ ਸਕੱਤਰ ਨੂੰ ਮੰਤਰੀ ਸਾਹਿਬਾਨ ਦੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਵਿਸ਼ੇਸ਼ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਸਮੂਹ ਮੰਤਰੀ ਸਾਹਿਬਾਨ ਦੇ ਵਿਸ਼ੇਸ਼ ਸਕੱਤਰ/ ਸਕੱਤਰ/ ਨਿੱਜੀ ਸਕੱਤਰ

ਅੰ.ਵਿ.ਪੱ.ਨੰ. 07/01/2014-1PP2(3PP2)/ 125 ਮਿਤੀ, ਚੰਡੀਗੜ੍ਹ 09.04.2022

ਪਿੱਠ ਅੰਕਣ ਨੰ. 07/01/2014-1PP2(3PP2)/ 126 ਮਿਤੀ, ਚੰਡੀਗੜ੍ਹ 09.04.2022

ਇਸ ਦਾ ਇੱਕ ਉਤਾਰਾ ਡਾਇਰੈਕਟਰ, ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਨੂੰ ਅਖਬਾਰਾਂ ਵਿੱਚ ਪ੍ਰਕਾਸ਼ਿਤ ਕਰਨ ਅਤੇ ਨਾਲ ਹੀ ਦੂਰਦਰਸ਼ਨ/ ਰੇਡੀਓ ਰਾਹੀਂ ਪ੍ਰਸਾਰਿਤ ਕੀਤਾ ਜਾਵੇ।

ਵਿਸ਼ੇਸ਼ ਸਕੱਤਰ, ਪ੍ਰਸੋਨਲ

CC ਸਕੱਤਰ/ ਮੁੱਖ ਸਕੱਤਰ, ਪੰਜਾਬ

(8)

ਨੰ. 15/27/2008-2ਪੀ.ਪੀ.1/(ਪ.ਫ਼.1)/ 205

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ-1 ਸਾਖਾ)

ਮਿਤੀ, ਚੰਡੀਗੜ੍ਹ 18.05.2022

ਸੇਵਾ ਵਿੱਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

**ਵਿਸ਼ਾ:-** **ਗਰੁੱਪ ਏ.,ਬੀ.,ਸੀ. ਅਤੇ ਡੀ ਦੇ ਅਧਿਕਾਰੀਆਂ/ ਕਰਮਚਾਰੀਆਂ ਦੀ ਸਾਲਾਨਾ ਏ.ਪੀ.ਏ.ਆਰ ਦੀ ਸਮੇਂ ਸਾਰਣੀ (ਰਿਪੋਰਟਕਰਤਾ/ ਰਿਵਿਊਕਰਤਾ/ ਪ੍ਰਵਾਨਕਰਤਾ ਅਥਾਰਟੀ ਸਮੇਤ ਸੈਲਫ਼ ਅਪ੍ਰੇਜ਼ਲ ਭਰਨ) ਦਾ ਨਵਾਂ Standard ਸਮਾਂ ਨਿਸ਼ਚਿਤ ਕਰਨ ਸਬੰਧੀ।**

*******

ਸ੍ਰੀਮਾਨ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ: ਨੰ,17/14/2015-2ਪੀ.ਪੀ1/1189821/1, ਮਿਤੀ 19.03.2018 ਦੇ ਪੈਰ੍ਹਾ-3 ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਸਮੂਹ ਪੱਧਰ ਤੇ ਏ.ਪੀ.ਏ.ਆਰਜ਼ ਲਿਖਣ ਸਬੰਧੀ ਸਮਾਂ ਸਾਰਣੀ ਜਾਰੀ ਕੀਤੀ ਗਈ ਹੈ। ਹੁਣ ਏ.ਪੀ.ਏ.ਆਰਜ਼ iHRMS ਤੇ ਆਨਲਾਈਨ ਲਿਖੀਆਂ ਜਾਣ ਕਾਰਨ ਰਾਜ ਦੇ ਸਮੂਹ ਵਿਭਾਗਾਂ ਦੀ ਏ.ਪੀ.ਏ.ਆਰਜ਼ ਲਿਖਣ ਦੀ ਨਵੀਂ Standard ਸਮੇਂ ਸਾਰਣੀ ਹੇਠ ਅਨੁਸਾਰ ਹੈ:-

| ਲੜੀ ਨੰ. | ਏ.ਪੀ.ਏ.ਆਰ ਲਿਖਣ ਦਾ ਪੱਧਰ | ਨਵੀਂ ਸੋਧੀ ਹੋਈ ਮਿਤੀ |
|---|---|---|
| 1. | ਕਾਡਰ ਕੰਟਰੋਲਿੰਗ ਅਥਾਰਿਟੀ ਵੱਲੋਂ ਪ੍ਰੋਫ਼ਾਰਮਾ ਅਪਲੋਡ/ਏ.ਪੀ.ਏ.ਆਰ initiate ਕਰਨ ਦੀ ਮਿਤੀ | 10 ਅਪ੍ਰੈਲ ਤੱਕ |
| 2. | ਸਬੰਧਤ ਅਧਿਕਾਰੀ/ਕਰਮਚਾਰੀ ਵੱਲੋਂ ਏ.ਪੀ.ਏ.ਆਰ ਭਰਨ ਉਪਰੰਤ ਡਿਪਟੀ ਕਮਿਸ਼ਨਰ ਨੂੰ ਬਤੌਰ ਰਿਪੋਰਟਕਰਤਾ ਅਧਿਕਾਰੀ ਭੇਜਣ ਦੀ ਮਿਤੀ | 30 ਅਪ੍ਰੈਲ ਤੱਕ |
| 3. | ਡਿਪਟੀ ਕਮਿਸ਼ਨਰ ਵੱਲੋਂ ਬਤੌਰ ਰਿਪੋਰਟਕਰਤਾ ਅਧਿਕਾਰੀ ਭਾਗ-3 ੳ ਤੇ ਰਿਪੋਰਟ ਦਰਜ ਕਰਨ ਉਪਰੰਤ ਵਿਭਾਗੀ ਰਿਪੋਰਟਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 30 ਮਈ ਤੱਕ |
| 4. | ਵਿਭਾਗੀ ਰਿਪੋਰਟਕਰਤਾ ਅਧਿਕਾਰੀ ਵੱਲੋਂ ਆਪਣੀ ਰਿਪੋਰਟ ਭਾਗ-3 ਅ ਅਤੇ ਭਾਗ-4 ਮੁਕੰਮਲ ਕਰਨ ਉਪਰੰਤ ਰਿਵਿਊਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 30 ਜੂਨ ਤੱਕ |
| 5. | ਰਿਵਿਊਕਰਤਾ ਅਧਿਕਾਰੀ ਵੱਲੋਂ ਰਿਪੋਰਟ ਰਿਵਿਊ ਕਰਨ ਦੀ ਮਿਤੀ | 15 ਅਗਸਤ ਤੱਕ |
| 6. | ਪ੍ਰਵਾਨਕਰਤਾ ਅਧਿਕਾਰੀ ਵੱਲੋਂ ਰਿਪੋਰਟ ਪ੍ਰਵਾਨ ਕਰਨ ਦੀ ਮਿਤੀ | 30 ਸਤੰਬਰ ਤੱਕ |

2. APARs ਲਿਖਣ ਦੀ ਉਕਤ ਸਮਾਂ ਸਾਰਣੀ ਸਾਲ 2021-2022 ਤੋਂ ਲਾਗੂ ਹੋਵੇਗੀ। ਇਸ ਤੋਂ ਇਲਾਵਾ ਪੱਤਰ ਨੰ.17/14/2015-2ਪੀ.ਪੀ1/1189821/1, ਮਿਤੀ 19.03.2018 ਰਾਹੀਂ ਜਾਰੀ ਹਦਾਇਤਾਂ ਵਿੱਚ ਕੋਈ ਬਦਲਾਵ ਨਹੀਂ ਹੈ।

3. ਸਮੂਹ ਪ੍ਰਬੰਧਕੀ ਸਕੱਤਰ ਆਪਣੇ ਅਧੀਨ ਵਿਭਾਗਾਂ ਵਿੱਚ ਇਹਨਾਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣਗੇ।

ਵਿਸ਼ਵਾਸਪਾਤਰ,

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੱ:ਨੰ:15/27/2008-2ਪੀ.ਪੀ.1/(ਪ.ਫ਼-1) 205 ਮਿਤੀ, ਚੰਡੀਗੜ੍ਹ: 18.04.2022
ਅੰ:ਵਿ:ਪੱ:ਨੰ:15/27/2008-2ਪੀ.ਪੀ.1/(ਪ.ਫ਼-1) 206 ਮਿਤੀ, ਚੰਡੀਗੜ੍ਹ: 18.04.2022

ਉਕਤ ਦਾ ਇੱਕ ਉਤਾਰਾ ਸ਼੍ਰੀ ਮੁਕੇਸ਼ ਰੈਲੀ, ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

I/353677/2022
2/5/2022

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀਜ-1 ਸਾਖਾ)

ਚੰਡੀਗੜ੍ਹ;02/05/2022

ਸੇਵਾ ਵਿੱਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

ਵਿਸ਼ਾ:- ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆਂ/ਕਰਮਚਾਰੀਆਂ ਦੀ **APARs** ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ ਹਦਾਇਤਾਂ ਜਾਰੀ ਕਰਨ ਬਾਰੇ।

**(ਕੇਵਲ ਪੀ.ਸੀ.ਐਸ ਕਾਡਰ ਅਤੇ ਆਮ ਰਾਜ ਪ੍ਰਬੰਧ ਵਿਭਾਗ (ਸਕੱਤਰੇਤ ਪ੍ਰਸ਼ਾਸਨ)**

*******

ਸ੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ:15/27/2008-2ਪੀ.ਪੀ.1(ਪ.ਫ.1)/204-206, ਮਿਤੀ 18.04.2022 ਵੱਲ ਦਿਵਾਂਉਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਨ੍ਹਾਂ ਹਦਾਇਤਾਂ ਰਾਂਹੀਂ ਰਿਪੋਰਟਕਰਤਾ, ਰੀਵਿਊਕਰਤਾ ਅਤੇ ਪ੍ਰਵਾਨਕਰਤਾ ਅਧਿਕਾਰੀ ਵੱਲੋਂ APAR ਲਿਖਣ ਲਈ **Time Schedule** ਨਿਸ਼ਚਿਤ ਕੀਤਾ ਗਿਆ ਹੈ। ਪੀ.ਸੀ.ਐਸ ਕਾਡਰਾਂ ਅਤੇ ਪੰਜਾਬ ਸਿਵਲ ਸਕੱਤਰੇਤ,ਚੰਡੀਗੜ੍ਹ ਵਿਖੇ ਕੰਮ ਕਰਦੇ ਗਰੁੱਪ ਏ,ਬੀ,ਸੀ ਅਤੇ ਡੀ ਦੇ ਅਧਿਕਾਰੀਆਂ/ਕਰਮਚਾਰੀਆਂ ਦੀਆਂ APARs, ਕ੍ਰਮਵਾਰ ਪ੍ਰਸੋਨਲ ਵਿਭਾਗ ਅਤੇ ਆਮ ਰਾਜ ਪ੍ਰਬੰਧ ਵਿਭਾਗ ਵੱਲੋਂ initiate ਕੀਤੀਆਂ ਜਾਂਦੀਆਂ ਹਨ। ਨੈਟਵਰਕ/ਸਰਵਰ ਡਾਊਨ ਆਦਿ ਤਕਨੀਕੀ ਕਾਰਨਾਂ ਕਰਕੇ ਇਨ੍ਹਾਂ ਵਿਭਾਗਾਂ ਵੱਲੋਂ iHRMS ਤੇ ਏ.ਪੀ.ਏ.ਆਰ. ਮੈਪਿੰਗ ਕਰਨ ਦੀ ਪ੍ਰੀਕ੍ਰਿਆ ਨਿਰਧਾਰਤ ਸਮੇਂ ਅੰਦਰ ਮੁਕੰਮਲ ਨਹੀਂ ਹੋ ਸਕੀ, ਜਿਸ ਕਾਰਨ ਬਹੁਤਾਤ ਵਿੱਚ ਅਧਿਕਾਰੀ/ਕਰਮਚਾਰੀ ਆਪਣੀਆਂ APARs ਸਮੇਂ ਸਿਰ ਨਹੀਂ ਭਰ ਸਕੇ।

2. ਉਪਰੋਕਤ ਸਥਿਤੀ ਨੂੰ ਵਿਚਾਰਦੇ ਹੋਏ ਪੀ.ਸੀ.ਐਸ ਕਾਡਰ ਅਤੇ ਆਮ ਰਾਜ ਪ੍ਰਬੰਧ ਵਿਭਾਗ (ਸਕੱਤਰੇਤ ਪ੍ਰਸ਼ਾਸਨ)ਅਧੀਨ ਕੰਮ ਕਰ ਰਹੇ ਅਮਲੇ ਦੀ ਏ.ਪੀ.ਏ.ਆਰ ਲਿਖਣ ਦੀ ਸਮੇਂ ਸਾਰਣੀ ਵਿੱਚ ਹੇਠ ਅਨੁਸਾਰ ਵਾਧਾ ਕੀਤਾ ਜਾਂਦਾ ਹੈ:-

| ਲੜੀ ਨੰ. | ਏ.ਪੀ.ਏ.ਆਰ ਲਿਖਣ ਦਾ ਪੱਧਰ | ਏ.ਪੀ.ਏ.ਆਰ ਲਿਖਣ ਦੀ ਮੌਜੂਦਾ ਸਮਾਂ ਸਾਰਣੀ | ਸੋਧੀ ਹੋਈ ਮਿਤੀ **(ਸਾਲ 2021-2022)** |
|---|---|---|---|
| 1. | ਕਾਡਰ ਕੰਟਰੋਲਿੰਗ ਅਥਾਰਿਟੀ ਵੱਲੋਂ ਪ੍ਰੋਫ਼ਾਰਮਾ ਅਪਲੋਡ/ ਏ.ਪੀ.ਏ.ਆਰ initiate ਕਰਨ ਦੀ ਮਿਤੀ | 10 ਅਪ੍ਰੈਲ ਤੱਕ | 30 ਅਪ੍ਰੈਲ ਤੱਕ |
| 2. | ਸਬੰਧਤ ਅਧਿਕਾਰੀ/ਕਰਮਚਾਰੀ ਵੱਲੋਂ ਏ.ਪੀ.ਏ.ਆਰ ਭਰਨ ਦੀ ਮਿਤੀ | 30 ਅਪ੍ਰੈਲ ਤੱਕ | 30 ਮਈ ਤੱਕ |
| 3. | ਰਿਪੋਰਟ ਕਰਤਾ ਅਧਿਕਾਰੀ ਵੱਲੋਂ ਟਿੱਪਣੀ ਦਰਜ ਕਰਨ ਦੀ ਮਿਤੀ | 30 ਜੂਨ ਤੱਕ | 30 ਜੂਨ ਤੱਕ |
| 4. | ਰਿਵਿਊ ਕਰਤਾ ਅਧਿਕਾਰੀ ਵੱਲੋਂ ਟਿੱਪਣੀ ਦਰਜ ਕਰਨ ਦੀ ਮਿਤੀ | 15 ਅਗਸਤ ਤੱਕ | 15 ਅਗਸਤ ਤੱਕ |
| 5. | ਪ੍ਰਵਾਨਕਰਤਾ ਅਧਿਕਾਰੀ ਵੱਲੋਂ ਰਿਪੋਰਟ ਪ੍ਰਵਾਨ ਕਰਨ ਦੀ | 30 ਸਤੰਬਰ ਤੱਕ | 30 ਸਤੰਬਰ ਤੱਕ |

| | ਮਿਤੀ | | |
|---|---|---|---|

3. ਇਨ੍ਹਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਵਿਸ਼ਵਾਸਪਾਤਰ,

ਅਧੀਨ ਸਕੱਤਰ, ਪ੍ਰਸੋਨਲ ਵਿਭਾਗ
ਚੰਡੀਗੜ੍ਹ;02/05/2022

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ
ਚੰਡੀਗੜ੍ਹ;02/05/2022

PERS-PP-1015/6/2021-2PP1

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰਜ਼/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ
ਚੰਡੀਗੜ੍ਹ;02/05/2022
ਚੰਡੀਗੜ੍ਹ;02/05/2022

PERS-PP-1015/6/2021-2PP1
PERS-PP-1015/6/2021-2PP1

ਉਕਤ ਦਾ ਇੱਕ ਉਤਾਰਾ ਸ਼੍ਰੀ ਮੁਕੇਸ਼ ਰੈਲੀ, ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਅਗਲੇਰੀ ਕਾਰਵਾਈ (ਉਕਤ ਸਮੇਂ ਸਾਰਣੀ ਅਨੁਸਾਰ ਅਥਾਰਟੀਆਂ ਦੀ ਪੋਰਟਲ ਖੋਲਣ) ਲਈ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ
ਚੰਡੀਗੜ੍ਹ;02/05/2022

(12)

ਨੰ 12/151/2015-2ਪੀਪੀ2(3ਪੀਪੀ2)/ 142

ਮਿਤੀ,ਚੰਡੀਗੜ੍ਹ 02/05/22

**ਪੰਜਾਬ ਸਰਕਾਰ**

**ਪ੍ਰਸੋਨਲ ਵਿਭਾਗ**

**(ਪ੍ਰਸੋਨਲ ਪਾਲਿਸੀ-2 ਸਾਖਾ)**

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜਿਲ੍ਹਾ ਅਤੇ ਸ਼ੈਸ਼ਨਜ ਜੱਜ,
ਡਵੀਜਨਾਂ ਦੇ ਕਮਿਸ਼ਨਰਜ,
ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ ।

ਵਿਸ਼ਾ- **ਕੋਵਿਡ-19 ਕਾਰਨ ਐਕਸ ਇੰਡੀਆ ਲੀਵ ਤੇ ਲੱਗੀ ਰੋਕ ਨੂੰ ਹਟਾਉਣ ਸਬੰਧੀ।**

ਸ਼੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਇਸ ਵਿਭਾਗ ਦੇ ਪੱਤਰ ਨੰ 12/151/15-2ਪੀਪੀ2(3ਪੀਪੀ2)/153, ਮਿਤੀ 06.03.2020 ਵਿੱਚ ਐਕਸ ਇੰਡੀਆ ਲੀਵ ਤੇ ਲੱਗੀ ਰੋਕ ਨੂੰ ਹੇਠ ਦਰਸਾਈਆਂ ਸ਼ਰਤਾਂ ਤੇ ਹਟਾਉਣ ਦੀ ਹਦਾਇਤ ਹੋਈ ਹੈ -

(i) ਮਹਾਂਮਾਰੀ ਦੀ ਬਦਲਦੀ ਪ੍ਰਕਿਰਤੀ ਦੇ ਮੱਦੇਨਜ਼ਰ, ਐਕਸ ਇੰਡੀਆ ਲੀਵ ਤੇ ਜਾਣ ਲਈ ਕਰਮਚਾਰੀਆਂ/ ਅਧਿਕਾਰੀਆਂ ਕੋਲ fully vaccinated certificate ਲਾਜ਼ਮੀ ਹੋਵੇ।

(ii) ਬਾਹਰਲੇ ਦੇਸ਼ਾਂ ਤੋਂ ਵਾਪਿਸ ਪਰਤਣ ਵਾਲੇ ਪੰਜਾਬ ਸਰਕਾਰ ਦੇ ਅਧਿਕਾਰੀ/ ਕਰਮਚਾਰੀ ਉਸ ਸਮੇਂ ਦੀਆਂ ਭਾਰਤ ਸਰਕਾਰ ਦੀਆਂ ਅੰਤਰਰਾਸ਼ਟਰੀ ਯਾਤਰੀਆਂ ਤੇ ਲਾਗੂ ਗਾਈਡਲਾਈਨਜ਼/ ਪ੍ਰੋਟੋਕੋਲ ਦੀ ਪਾਲਣਾ ਕਰਨਾ ਯਕੀਨੀ ਬਨਾਉਣ।

02. ਇਹ ਹਦਾਇਤਾਂ ਤੁਰੰਤ ਪ੍ਰਭਾਵ ਤੋਂ ਲਾਗੂ ਹੋਣਗੀਆਂ।

ਵਿਸ਼ਵਾਸਪਾਤਰ

(signature) 02.5.2022
ਅਧੀਨ ਸਕੱਤਰ, ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ ਵਧੀਕ ਮੁੱਖ ਸਕੱਤਰ/ ਵਿੱਤੀ ਕਮਿਸ਼ਨਰ/ ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ।

(signature) 02.5.2022
ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ ਵਧੀਕ ਮੁੱਖ ਸਕੱਤਰ/ ਵਿੱਤੀ ਕਮਿਸ਼ਨਰ/ ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ. 12/151/15-2ਪੀਪੀ2(3ਪੀਪੀ2)/ 143 ਮਿਤੀ, ਚੰਡੀਗੜ੍ਹ 02/05/22

(13)

ਪਿੱਠ ਅੰਕਣ ਨੰ: 12/151/15-2ਪੀਪੀ2(3ਪੀਪੀ2)/ 155 ਮਿਤੀ, ਚੰਡੀਗੜ੍ਹ 02/05/22

ਇਸ ਦਾ ਇੱਕ ਉਤਾਰਾ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਪੰਜਾਬ, ਚੰਡੀਗੜ੍ਹ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਪੱਤਰ ਨੂੰ ਅਖਬਾਰਾਂ ਵਿੱਚ ਪ੍ਰਕਾਸ਼ਿਤ ਕਰਨ ਅਤੇ ਨਾਲ ਹੀ ਦੂਰਦਰਸ਼ਨ/ਰੇਡੀਓ ਰਾਹੀਂ ਪ੍ਰਸਾਰਿਤ ਕੀਤਾ ਜਾਵੇ।

ਪਰਮਜੀਤ ਕੌਰ 02.5.22
ਅਧੀਨ ਸਕੱਤਰ, ਪ੍ਰਸੋਨਲ
ਪਰਮਜੀਤ ਕੌਰ

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ-1 ਸਾਖਾ)

11.05.2022, ਚੰਡੀਗੜ੍ਹ

ਸੇਵਾ ਵਿੱਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

ਵਿਸ਼ਾ:- **ਗਰੁੱਪ ਏ.,ਬੀ.,ਸੀ. ਅਤੇ ਡੀ ਦੇ ਅਧਿਕਾਰੀਆਂ/ਕਰਮਚਾਰੀਆਂ ਦੀ ਸਾਲ 2021-22 ਦੀ ਏ.ਪੀ.ਏ.ਆਰ ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ।**

**(ਕੇਵਲ ਰਾਜ ਦੇ ਸਮੂਹ ਵਿਭਾਗਾਂ ਲਈ)**

*******

ਸ੍ਰੀਮਾਨ/ਸ੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ:15/27/2008-2ਪੀ.ਪੀ.1 (ਪ.ਫ਼.1)/204-206, ਮਿਤੀ 18.04.2022 ਅਤੇ ਪੱਤਰ ਨੰ. PERS-PP-1015/6/2021-2ਪੀ.ਪੀ.1/35367, ਮਿਤੀ 02.05.2022 ਵੱਲ ਦਿਵਾਂਉਦੇ ਹੋਏ, ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਰਿਪੋਰਟਕਰਤਾ/ਰਿਵਿਊਕਰਤਾ/ਪ੍ਰਵਾਨਕਰਤਾ ਅਥਾਰਟੀ ਵੱਲੋਂ ਉਨ੍ਹਾਂ ਅਧੀਨ ਕੰਮ ਕਰਦੇ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਦੀ ਏ.ਪੀ.ਏ.ਆਰਜ਼ ਲਿਖਣ ਦਾ ਸਮਾਂ ਨਿਰਧਾਰਤ/ਵਧਾਇਆ ਗਿਆ ਹੈ। ਪਰੰਤੂ ਇਹ ਧਿਆਨ ਵਿੱਚ ਆਇਆ ਹੈ ਕਿ ਨੈਟਵਰਕ/ਸਰਵਰ ਡਾਊਨ ਆਦਿ ਤਕਨੀਕੀ ਕਾਰਨਾਂ ਕਰਕੇ ਰਾਜ ਦੇ ਵੱਖ ਵੱਖ ਵਿਭਾਗਾਂ ਵੱਲੋਂ iHRMS ਤੇ ਏ.ਪੀ.ਏ.ਆਰ ਮੈਪਿੰਗ ਕਰਨ ਦੀ ਪ੍ਰੀਕ੍ਰਿਆ ਨਿਰਧਾਰਤ ਸਮੇਂ ਅੰਦਰ ਮੁਕੰਮਲ ਨਹੀਂ ਹੋ ਸਕੀ, ਜਿਸ ਕਾਰਨ ਬਹੁਤਾਤ ਵਿੱਚ ਅਧਿਕਾਰੀ/ਕਰਮਚਾਰੀ ਆਪਣੀਆਂ ਏ.ਪੀ.ਏ.ਆਰ ਸਮੇਂ ਸਿਰ ਨਹੀਂ ਭਰ ਸਕੇ।

2. ਉਪਰੋਕਤ ਸਥਿਤੀ ਨੂੰ ਵਿਚਾਰਦੇ ਹੋਏ **ਰਾਜ ਦੇ ਸਮੂਹ ਵਿਭਾਗਾਂ** ਅਧੀਨ ਕੰਮ ਕਰਦੇ ਅਮਲੇ ਦੀ ਏ.ਪੀ.ਏ.ਆਰਜ਼ ਲਿਖਣ ਦੀ ਸਮੇਂ ਸਾਰਣੀ ਵਿੱਚ ਹੇਠ ਅਨੁਸਾਰ ਵਾਧਾ ਕੀਤਾ ਜਾਂਦਾ ਹੈ:-

| ਲੜੀ ਨੰ. | ਏ.ਪੀ.ਏ.ਆਰ ਲਿਖਣ ਦਾ ਪੱਧਰ | ਮੌਜੂਦਾ ਮਿਤੀ | ਸੋਧੀ ਹੋਈ ਮਿਤੀ |
|---|---|---|---|
| 1. | ਕਾਡਰ ਕੰਟਰੋਲਿੰਗ ਅਥਾਰਿਟੀ ਵੱਲੋਂ ਪ੍ਰੋਫ਼ਾਰਮਾ ਅਪਲੋਡ/ਏ.ਪੀ.ਏ.ਆਰ initiate ਕਰਨ ਦੀ ਮਿਤੀ | 10 ਅਪ੍ਰੈਲ ਤੱਕ | 20 ਮਈ, 2022 ਤੱਕ |
| 2. | ਸਬੰਧਤ ਅਧਿਕਾਰੀ/ਕਰਮਚਾਰੀ ਵੱਲੋਂ ਏ.ਪੀ.ਏ.ਆਰ ਭਰਨ ਦੀ ਮਿਤੀ | 30 ਅਪ੍ਰੈਲ ਤੱਕ | 30 ਮਈ, 2022 ਤੱਕ |
| 3. | ਰਿਪੋਰਟਕਰਤਾ ਅਧਿਕਾਰੀ ਵੱਲੋਂ ਟਿੱਪਣੀ | 30 ਜੂਨ ਤੱਕ | 15 ਜੁਲਾਈ, 2022 ਤੱਕ |

1/358223/2022 (15) ਪੰ੩.

| | | | |
|---|---|---|---|
| | ਦਰਜ ਕਰਨ ਦੀ ਮਿਤੀ | | |
| 4. | ਰਿਵਿਊਕਰਤਾ ਅਧਿਕਾਰੀ ਵੱਲੋਂ ਟਿੱਪਣੀ ਦਰਜ ਕਰਨ ਦੀ ਮਿਤੀ | 15 ਅਗਸਤ ਤੱਕ | 15 ਅਗਸਤ, 2022 ਤੱਕ |
| 5. | ਪ੍ਰਵਾਨਕਰਤਾ ਅਧਿਕਾਰੀ ਵੱਲੋਂ ਟਿੱਪਣੀ ਦਰਜ ਕਰਨ ਦੀ ਮਿਤੀ | 30 ਸਤੰਬਰ ਤੱਕ | 30 ਸਤੰਬਰ,2022 ਤੱਕ |

3. ਇਨ੍ਹਾਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

11.05.2022

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

PERS-PP-1015/6/2021-2PP1 11.05.2022, ਚੰਡੀਗੜ੍ਹ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

PERS-PP-1015/6/2021-2PP1 11.05.2022, ਚੰਡੀਗੜ੍ਹ

PERS-PP-1015/6/2021-2PP1 11.05.2022, ਚੰਡੀਗੜ੍ਹ

ਉਕਤ ਦਾ ਇੱਕ ਉਤਾਰਾ ਸ੍ਰੀ ਮੁਕੇਸ਼ ਰੈਲੀ, ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਅਗਲੇਰੀ ਕਾਰਵਾਈ (ਉਕਤ ਸਮੇਂ ਸਾਰਣੀ ਅਨੁਸਾਰ ਅਥਾਰਟੀਆਂ ਦੀ ਪੋਰਟਲ ਖੋਲਣ) ਲਈ ਭੇਜਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ, ਪ੍ਰਸੋਨਲ ਵਿਭਾਗ

11.05.2022, ਚੰਡੀਗੜ੍ਹ

(16)

I/361342/2022 PERS-PP-20GECR/3/2021-2PP2

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀ-2 ਸ਼ਾਖਾ)

ਮਿਤੀ,ਚੰਡੀਗੜ੍ਹ: 17.05.2022

ਸੇਵਾ ਵਿਖੇ

1.ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰਜ, ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ ਅਤੇ
ਉਪ ਮੰਡਲ ਅਫਸਰ (ਸਿਵਲ), ਪੰਜਾਬ।
2. ਰਾਜ ਦੇ ਸਮੂਹ ਬੋਰਡ/ਕਾਰਪੋਰੇਸ਼ਨਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।

ਵਿਸ਼ਾ:- ਸਾਰੇ ਵਿਭਾਗਾਂ/ਬੋਰਡ/ਕਾਰਪੋਰੇਸ਼ਨਾਂ ਦੇ ਗੁਰੱਪ ਏ ਅਤੇ ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਸਾਲ 2021-2022 ਦੀ ਪੇਸ਼ ਕੀਤੀ ਜਾਣ ਵਾਲੀ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS Portal (www.hrms.punjab.gov.in) ਤੇ ਆਨਲਾਈਨ ਭਰਨ ਲਈ ਸਮਾਂ ਵਧਾਉਣ ਬਾਰੇ।

******

ਸ੍ਰੀਮਾਨ ਜੀ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ, ਪ੍ਰਸੋਨਲ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰ: 4/3/2012-2ਪੀ.ਪੀ.2/559 ਮਿਤੀ 17.05.2012 ਅਤੇ ਪੱਤਰ ਨੰ: 4/5/2014-2ਪੀਪੀ2/1594552/1 ਮਿਤੀ 11.10.2019 ਵੱਲ ਦਿਵਾਉਂਦੇ ਹੋਏ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਇਹਨਾਂ ਹਦਾਇਤਾਂ ਰਾਹੀਂ ਸਾਰੇ ਵਿਭਾਗਾਂ/ਬੋਰਡ/ਕਾਰਪੋਰੇਸ਼ਨਾਂ ਦੇ ਗਰੁੱਪ ਏ ਅਤੇ ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS Portal (www.hrms.punjab.gov.in) ਤੇ ਆਨਲਾਈਨ ਭਰਨ ਲਈ ਨਿਸ਼ਚਿਤ ਮਿਤੀ 30 ਅਪਰੈਲ ਮਿੱਥੀ ਹੋਈ ਹੈ।

2. ਪ੍ਰੰਤੂ ਕੁਝ ਵਿਭਾਗਾਂ/ਬੋਰਡ/ਕਾਰਪੋਰੇਸ਼ਨਾਂ ਦੇ ਗਰੁੱਪ ਏ ਅਤੇ ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS Portal (www.hrms.punjab.gov.in) ਤੇ ਭਰਿਆ ਨਹੀਂ ਗਿਆ। ਜਿਸ ਕਾਰਨ ਸਰਕਾਰ ਵੱਲੋਂ ਵਿਚਾਰ ਕਰਨ ਉਪਰੰਤ ਇਹ ਫੈਸਲਾ ਲਿਆ ਗਿਆ ਹੈ ਕਿ ਜਿਹਨਾਂ ਗਰੁੱਪ ਏ ਅਤੇ ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ

ਪ੍ਰਾਪਰਟੀ ਰਿਟਰਨ ਦੀ ਸੂਚਨਾਂ ਨਹੀਂ ਭਰੀ ਗਈ, ਉਹ ਹਰ ਹਾਲਤ ਵਿੱਚ 31.05.2022 ਤੱਕ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ HRMS Portal (www.hrms.punjab.gov.in) ਤੇ ਭਰਨੀ ਯਕੀਨੀ ਬਣਾਉਣਗੇ।

ਵਿਸ਼ਵਾਸਪਾਤਰ

ਮਨਜੀਤ ਕੌਰ 17/5/2022
ਸੁਪਰਡੰਟ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਮਨਜੀਤ ਕੌਰ 17/5/2022
ਸੁਪਰਡੰਟ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਉਪਰੋਕਤ ਦਾ ਇੱਕ ਉਤਾਰਾ ਟੈਕਨੀਕਲ ਡਾਇਰੈਕਟਰ, ਐਨ.ਆਈ.ਸੀ., ਪੰਜਾਬ, ਚੰਡੀਗੜ੍ਹ ਨੂੰ ਸੂਚਨਾ/ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਮਨਜੀਤ ਕੌਰ 17/5/2022
ਸੁਪਰਡੰਟ

(18)

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪੀ.ਪੀ.-2 ਸ਼ਾਖਾ)

ਸੇਵਾ ਵਿਖੇ,

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜਨਾਂ ਦੇ ਕਮਿਸ਼ਨਰਜ਼, ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼ ਅਤੇ
ਸਮੂਹ ਸਬ ਡਵੀਜਨਲ ਮੈਜਿਸਟਰੇਟ।

ਮੀਮੋ ਨੰ: 04/05/2014-2ਪੀਪੀ2 (ਪ.ਫ)/ 176
ਮਿਤੀ, ਚੰਡੀਗੜ੍ਹ 01/06/22

Subject:- ਗਰੁੱਪ-ਏ ਅਤੇ ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਪੇਸ਼ ਕੀਤੀ ਜਾਣ ਵਾਲੀ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ iHRMS Portal (www.hrms.punjab.gov.in) ਤੇ ਭਰਨ ਸਬੰਧੀ।

*****

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਸਰਕਾਰ ਵੱਲੋਂ ਪਹਿਲਾਂ ਜਾਰੀ ਪੱਤਰ ਨੰ: 4/5/2014-2ਪੀਪੀ2/1594552/1 ਮਿਤੀ 11.10.19 ਵੱਲ ਦਿਵਾਉਂਦੇ ਹੋਏ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਵਿਸ਼ਾ ਅੰਕਿਤ ਮਾਮਲੇ ਸਬੰਧੀ ਸਰਕਾਰੀ ਕਰਮਚਾਰੀ (ਆਚਰਣ) ਨਿਯਮਾਵਲੀ, 1966 ਦੇ ਨਿਯਮ 18 (1) (ii) ਅਨੁਸਾਰ ਸਮੂਹ ਵਿਭਾਗਾਂ/ਬੋਰਡ/ਕਾਰਪੋਰੇਸ਼ਨਾਂ ਵੱਲੋਂ ਗਰੁੱਪ-ਏ ਅਤੇ ਗਰੁੱਪ-ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਹਰ ਸਾਲ ਪੇਸ਼ ਕੀਤੀ ਗਈ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾ ਨੂੰ ਪ੍ਰਸੋਨਲ ਵਿਭਾਗ ਦੇ ਪੱਤਰ ਮਿਤੀ 26.09.2014 ਦੇ ਸਨਮੁੱਖ ਪੰਜਾਬ ਸਰਕਾਰ ਦੀ ਵੈਬਸਾਈਟ ਤੇ ਪ੍ਰਸ਼ਾਸਨਿਕ ਸੁਧਾਰ ਵਿਭਾਗ ਵੱਲੋਂ ਅਪਲੋਡ ਕੀਤਾ ਜਾਂਦਾ ਹੈ, ਜਿਸ ਸਬੰਧੀ ਪ੍ਰਸੋਨਲ ਵਿਭਾਗ ਵੱਲੋਂ ਹਰੇਕ ਸਾਲ ਸ਼ਡਿਊਲ ਜਾਰੀ ਕੀਤੇ ਜਾਂਦੇ ਹਨ।

2. ਉਪਰੋਕਤ ਸਬੰਧੀ ਮੁੜ ਤੋਂ ਵਿਚਾਰ ਕਰਨ ਉਪਰੰਤ ਸਰਕਾਰ ਵੱਲੋਂ ਸਾਲ 2018-2019 ਤੋਂ ਮੋਡਿਊਲ (Module) ਵਿੱਚ ਤਬਦੀਲੀ ਕੀਤੀ ਗਈ ਹੈ, ਜਿਸ ਸਬੰਧੀ ਹੇਠ ਅਨੁਸਾਰ ਫੈਸਲਾ ਲਿਆ ਗਿਆ ਹੈ:-

> "Property return of Group A & B employees of Punjab Government will be filled online in iHRMS Portal (www.hrms.punjab.gov.in). The Property return filled so will be verified by concerned DDO."

3. ਇਸ ਲਈ ਇਸ ਵਿਭਾਗ ਦੇ ਪੱਤਰ ਨੰ: 4/5/2014-2ਪੀਪੀ2/1594552/1 ਮਿਤੀ 11.10.2019 ਰਾਹੀਂ ਇਹ ਹਦਾਇਤ ਕੀਤੀ ਗਈ ਸੀ ਕਿ ਸਮੂਹ ਵਿਭਾਗਾਂ/ਬੋਰਡ/ਕਾਰਪੋਰੇਸ਼ਨਾਂ ਨੂੰ ਆਪਣੇ ਪੱਧਰ ਤੇ ਗਰੁੱਪ-ਏ ਅਤੇ ਗਰੁੱਪ-ਬੀ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਸਾਲ 2018-2019 ਤੋਂ ਪੇਸ਼ ਕੀਤੀ ਗਈ ਅਚੱਲ ਪ੍ਰਾਪਰਟੀ ਰਿਟਰਨ ਦੀ ਸੂਚਨਾਂ ਨੂੰ iHRMS Portal (www.hrms.punjab.gov.in) ਤੇ ਹੀ ਭਰਨਾ ਯਕੀਨੀ ਬਣਾਇਆ ਜਾਵੇ।

4. ਇਹ ਧਿਆਨ ਵਿੱਚ ਆਇਆ ਹੈ ਕਿ ਕਈ ਵਿਭਾਗਾਂ/ਬੋਰਡ/ਕਾਰਪੋਰੇਸ਼ਨਾ ਵਿੱਚ ਚੱਲ ਅਤੇ ਅਚੱਲ ਪ੍ਰਾਪਰਟੀ ਰਿਟਰਨ ਨੂੰ ਬਿਨਾਂ iHRMS ਦੇ, ਅਰਥਾਤ ਮੈਨੂਅਲੀ ਭਰਿਆ ਜਾ ਰਿਹਾ ਹੈ ਅਤੇ ਪ੍ਰਵਾਨਗੀ ਅਫਸਰਾਂ ਵੱਲੋਂ ਪ੍ਰਵਾਨ ਕੀਤਾ ਜਾ ਰਿਹਾ ਹੈ, ਜੋ ਕਿ ਉਪਰੋਕਤ ਜਾਰੀ ਹਦਾਇਤਾਂ ਦੀ ਗੰਭੀਰ ਉਲੰਘਣਾ ਹੈ।

5. ਇਹ ਦੁਬਾਰਾ ਸਪਸ਼ਟ ਕੀਤਾ ਜਾਂਦਾ ਹੈ ਕਿ ਸਮੂਹ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਆਪਣੀ ਚੱਲ-ਅਚੱਲ ਪ੍ਰਾਪਰਟੀ ਰਿਟਰਨ iHRMS Portal ਤੇ ਹੀ ਭਰਨਾ ਯਕੀਨੀ ਬਣਾਉਣ। ਜੇਕਰ ਕਿਸੇ ਪ੍ਰਵਾਨਕਰਤਾ ਅਧਿਕਾਰੀ ਵੱਲੋਂ ਮੈਨੂਅਲ ਰੂਪ ਵਿੱਚ ਪ੍ਰਾਪਤ ਪ੍ਰਾਪਰਟੀ ਰਿਟਰਨ ਨੂੰ ਪ੍ਰਵਾਨ ਕੀਤਾ ਜਾਂਦਾ ਹੈ ਤਾਂ ਇਸ ਸਬੰਧੀ ਜ਼ਿੰਮੇਵਾਰੀ ਸਬੰਧਤ ਪ੍ਰਵਾਨ ਕਰਤਾ ਅਧਿਕਾਰੀ ਦੀ ਹੋਵੇਗੀ।

ਜਸਪ੍ਰੀਤ ਸਿੰਘ 01.06.2022
ਅਧੀਨ ਸਕੱਤਰ ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼/ਵਧੀਕ ਮੁੱਖ ਸਕੱਤਰ,/ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਸਪ੍ਰੀਤ ਸਿੰਘ 01.06.22
ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ,

ਸਮੂਹ ਵਿਸ਼ੇਸ਼/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੰ:ਨੰ: 04/05/2014-2ਪੀਪੀ2 (ਪ.ਫ) /177 ਮਿਤੀ,ਚੰਡੀਗੜ੍ਹ: 01/06/22

(20)

07/01/2014-1PP2(3PP2)/178

ਮਿਤੀ, ਚੰਡੀਗੜ੍ਹ 01.06.2022

**ਪੰਜਾਬ ਸਰਕਾਰ**

**ਪ੍ਰਸੋਨਲ ਵਿਭਾਗ**

**ਪ੍ਰਸੋਨਲ ਪਾਲਿਸੀ-2 ਸ਼ਾਖਾ**

ਸੇਵਾ ਵਿਖੇ

1. ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰਜ, ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ ਅਤੇ
ਉਪ ਮੰਡਲ ਅਫਸਰ (ਸਿਵਲ), ਪੰਜਾਬ।
2. ਰਾਜ ਦੇ ਸਮੂਹ ਬੋਰਡ/ ਕਾਰਪੋਰੇਸ਼ਨਾਂ ਦੇ ਚੇਅਰਮੈਨ/ ਮੈਨੇਜਿੰਗ ਡਾਇਰੈਕਟਰ।

ਵਿਸ਼ਾ- ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ/ ਤੈਨਾਤੀਆਂ ਕਰਨ ਸਬੰਧੀ ਹਦਾਇਤਾਂ ਅਤੇ ਸਮਾਂ-ਸੀਮਾ ਵਧਾਉਣ ਸਬੰਧੀ।

*******

ਸ਼੍ਰੀਮਾਨ ਜੀ/ ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ 7/1/2014-1ਪੀਪੀ2(3ਪੀਪੀ2)/123, ਮਿਤੀ 09.04.2022 ਵੱਲ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਉਪਰੋਕਤ ਹਦਾਇਤਾਂ ਰਾਹੀਂ ਪੰਜਾਬ ਰਾਜ ਦੇ ਵਿਭਾਗਾਂ/ ਅਦਾਰਿਆਂ ਵਿੱਚ ਸਰਕਾਰੀ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਆਮ ਬਦਲੀਆਂ ਅਤੇ ਤੈਨਾਤੀਆਂ ਕਰਨ ਦਾ ਸਮਾਂ **ਮਿਤੀ 11.04.2022 ਤੋਂ ਮਿਤੀ 31.05.2022 ਤੱਕ** ਰੱਖਿਆ ਗਿਆ ਸੀ, ਜੋ ਕਿ **ਮਿਤੀ 30.06.2022** ਤੱਕ ਕੀਤਾ ਜਾਂਦਾ ਹੈ।

02. **ਮਿਤੀ 30.06.2022 ਤੋਂ ਬਾਅਦ** ਆਮ ਬਦਲੀਆਂ ਤੇ ਸੰਪੂਰਨ ਰੋਕ ਹੋਵੇਗੀ ਅਤੇ ਸਿਰਫ਼ ਤਰੱਕੀ ਜਾਂ ਸ਼ਿਕਾਇਤ ਦੇ ਮੱਦੇਨਜ਼ਰ ਹੀ ਬਦਲੀ ਸੰਭਵ ਹੋਵੇਗੀ। ਨਿੱਜੀ ਕਾਰਣਾਂ ਕਰਕੇ ਬਦਲੀ ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਹੀ ਕੀਤੀ ਜਾ ਸਕੇਗੀ।

03. ਇਹ ਪੱਤਰ ਮਾਨਯੋਗ ਮੁੱਖ ਮੰਤਰੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਵਿਸ਼ਵਾਸਪਾਤਰ

ਉਪ ਸਕੱਤਰ, ਪ੍ਰਸੋਨਲ

ਇਸ ਦਾ ਇੱਕ ਉਤਾਰਾ ਵਧੀਕ ਮੁੱਖ ਸਕੱਤਰ/ ਮੁੱਖ ਮੰਤਰੀ, ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਉਪ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਵਧੀਕ ਮੁੱਖ ਸਕੱਤਰ/ ਮੁੱਖ ਮੰਤਰੀ, ਪੰਜਾਬ,
ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ
ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰ
